**ਬਾਈ-ਇਲੈਕਸ਼ਨ ਪੰਚ/ ਸਰਪੰਚ ਦੀਆਂ ਗਰਾਮ ਪੰਚਾਇਤੀ ਚੋਣਾਂ-2017**

ਸਰਹਾਲੀ ਕਲਾਂ ਅਤੇ ਕੋਟ ਧਰਮ ਚੰਦ ਖੁਰਦ ਦੇ ਮਾਲ ਅਧਿਕਾਰ ਵਿੱਚ ਜ਼ਿਲ੍ਹਾ ਮੈਜਿਸਟਰੇਟ ਵੱਲੋਂ 6 ਅਗਸਤ ਨੂੰ ਡਰਾਈ ਡੇ ਘੋਸ਼ਿਤ

ਸ਼ਰਾਬ ਦੇ ਠੇਕੇ ਖੋਲ੍ਹਣ ਅਤੇ ਸ਼ਰਾਬ ਨੂੰ ਸਟੋਰ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ

8 ਅਗਸਤ, 2017 ਤੱਕ ਹਰ ਕਿਸਮ ਦੇ ਅਗਨ ਸ਼ਸਤਰ ਤੇ ਹਥਿਆਰ ਨਾਲ ਲੈ ਕੇ ਚੱਲਣ 'ਤੇ ਮੁਕੰਮਲ ਤੌਰ 'ਤੇ ਪਾਬੰਦੀ



ਤਰਨਤਾਰਨ, 3 ਅਗਸਤ :

ਜ਼ਿਲ੍ਹਾ ਮੈਜਿਸਟਰੇਟ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ, ਆਈ. ਏ. ਐੱਸ. ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਤਰਨਤਾਰਨ ਦੀ ਹਦੂਦ ਅੰਦਰ ਆਉਂਦੇ ਪਿੰਡ ਸਰਹਾਲੀ ਕਲਾਂ ਅਤੇ ਕੋਟ ਧਰਮ ਚੰਦ ਖੁਰਦ ਦੇ ਮਾਲ ਅਧਿਕਾਰ ਵਿੱਚ ਬਾਈ-ਇਲੈਕਸ਼ਨ ਪੰਚ/ ਸਰਪੰਚ ਦੀਆਂ ਗਰਾਮ ਪੰਚਾਇਤੀ ਚੋਣਾਂ-2017 ਵਾਲੇ ਦਿਨ ਮਿਤੀ 6 ਅਗਸਤ, 2017 ਨੂੰ ਡਰਾਈ ਡੇ ਘੋਸ਼ਿਤ ਕਰਦੇ ਹੋਏ ਸ਼ਰਾਬ ਦੇ ਠੇਕੇ ਖੋਲ੍ਹਣ ਅਤੇ ਸ਼ਰਾਬ ਨੂੰ ਸਟੋਰ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਪਾਬੰਦੀ ਦੇ ਇਹ ਹੁਕਮ ਹੋਟਲਾਂ, ਕਲੱਬਾਂ ਅਤੇ ਸ਼ਰਾਬ ਦੇ ਅਹਾਤਿਆਂ ਆਦਿ ਜਿੱਥੇ ਸ਼ਰਾਬ ਵੇਚਣ ਦੀ ਕਾਨੂੰਨੀ ਇਜ਼ਾਜਤ ਹੈ, 'ਤੇ ਵੀ ਪੂਰਨ ਤੌਰ 'ਤੇ ਲਾਗੂ ਹੋਣਗੇ।

ਇੱਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟਰੇਟ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਤਰਨਤਾਰਨ ਦੀ ਹਦੂਦ ਅੰਦਰ ਆਉਂਦੇ ਪਿੰਡ ਸਰਹਾਲੀ ਕਲਾਂ ਅਤੇ ਕੋਟ ਧਰਮ ਚੰਦ ਖੁਰਦ ਵਿੱਚ ਬਾਈ-ਇਲੈਕਸ਼ਨ ਪੰਚ/ ਸਰਪੰਚ, ਗਰਾਮ ਪੰਚਾਇਤੀ ਚੋਣਾਂ-2017 ਦੌਰਾਨ 8 ਅਗਸਤ, 2017 ਤੱਕ ਹਰ ਕਿਸਮ ਦੇ ਅਗਨ ਸ਼ਸਤਰ/ਹਥਿਆਰ ਨਾਲ ਲੈ ਕੇ ਚੱਲਣ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ।ਇਹ ਹੁਕਮ ਆਰਮੀ ਪ੍ਰਸੋਨਲ, ਪੈਰਾ ਮਿਲਟਰੀ ਫੋਰਸ ਅਤੇ ਬਾਵਰਦੀ ਪੁਲਿਸ ਕਰਮਚਾਰੀਆਂ 'ਤੇ ਲਾਗੂ ਨਹੀਂ ਹੋਵੇਗਾ।